## ਰਸ ਚੂਸਣ ਵਾਲੇ ਕੀੜੇ

ਰਸ ਚੂਸਣ ਵਾਲੇ ਕੀੜਿਆਂ ਵਿੱਚੋਂ ਚਿੱਟੀ ਮੱਖੀ, ਤੇਲਾ, ਮੀਲੀਬੱਗ, ਭੂਰੀ ਜੂੰ ਅਤੇ ਚੇਪਾ ਬਹੁਤ ਖ਼ਤਰਨਾਕ ਹਨ ਅਤੇ ਇਹ ਜੁਲਾਈ ਤੋਂ ਸਤੰਬਰ ਦੇ ਮਹੀਨੇ ਬੀ ਟੀ ਨਰਮੇ ਦਾ ਬਹੁਤ ਨੁਕਸਾਨ ਕਰਦੇ ਹਨ।

ਚਿੱਟੀ ਮੱਖੀ ਦੇ ਬਾਲਗ ਅਤੇ ਬੱਚੇ ਨਰਮੇਂ ਦੇ ਪੱਤਿਆਂ ਦਾ ਰਸ ਚੂਸਦੇ ਹਨ ਅਤੇ ਪੱਤਿਆਂ ਉੱਤੇ ਸ਼ਹਿਦ ਦੇ ਤੁਪਕਿਆਂ ਵਰਗਾ ਮਲ ਕੱਢਦੇ ਹਨ ਜੋ ਚਿਪਚਿਪਾ ਹੁੰਦਾ ਹੈ। ਇਸ ਨਾਲ ਪੱਤਿਆਂ ਅਤੇ ਖਿੜੇ ਹੋਏ ਨਰਮੇ ਉੱਪਰ ਉੱਲੀ ਪੈਦਾ ਹੋ ਜਾਂਦੀ ਹੈ ਤੇ ਇਹ ਕਾਲੇ ਰੰਗ ਦੇ ਹੋ ਜਾਂਦੇ ਹਨ। ਚਿੱਟੀ ਮੱਖੀ ਨਰਮੇ ਵਿੱਚ ਪੱਤਾ-ਮਰੋੜ (ਲੀਫ਼ ਕਰਲ) ਬਿਮਾਰੀ ਵੀ ਫੈਲਾਉਂਦੀ ਹੈ।

ਤੇਲੇ ਦੇ ਬੱਚੇ ਅਤੇ ਬਾਲਗ ਨਰਮੇ ਦੇ ਪੱਤਿਆਂ ਦਾ ਰਸ ਚੂਸਦੇ ਹਨ ਅਤੇ ਜ਼ਿਆਦਾ ਹਮਲੇ ਦੌਰਾਨ ਪੱਤੇ ਝੜ ਜਾਂਦੇ ਹਨ।

ਚੇਪੇ ਦੇ ਬੱਚੇ ਅਤੇ ਬਾਲਗ ਪੱਤਿਆਂ ਦਾ ਰਸ ਚੂਸਦੇ ਹਨ ਅਤੇ ਪੱਤਿਆਂ ਉੱਤੇ ਸ਼ਹਿਦ ਦੇ ਤੁਪਕਿਆਂ ਵਰਗਾ ਮਲ ਕੱਢਦੇ ਹਨ ਜਿਸ ਉੱਤੇ ਕਾਲੀ ਉੱਲੀ ਪੈਦਾ ਹੋ ਜਾਂਦੀ ਹੈ।

ਮੀਲੀਬੱਗ ਦੇ ਬੱਚੇ ਅਤੇ ਬਾਲਗ ਕੀੜੇ ਪੱਤਿਆਂ, ਟਹਿਣੀਆਂ, ਡੋਡੀਆਂ ਅਤੇ ਤਣੇ ਦੇ ਨਰਮ ਹਿੱਸੇ ਤੋਂ ਰਸ ਚੂਸਦੇ ਹਨ। ਜ਼ਿਆਦਾ ਹਮਲੇ ਦੀ ਸੂਰਤ ਵਿੱਚ ਪੱਤਿਆਂ, ਫੁੱਲਾਂ, ਡੋਡੀਆਂ ਅਤੇ ਟੀਂਡਿਆਂ ਤੇ ਕਾਲੀ ਉੱਲੀ ਜੰਮ ਜਾਂਦੀ ਹੈ। ਪੱਤੇ ਡਿੱਗ ਜਾਂਦੇ ਹਨ ਅਤੇ ਬੂਟੇ ਦਾ ਵਾਧਾ ਰੁਕ ਜਾਂਦਾ ਹੈ।

ਭੂਰੀ ਜੂੰ ਦੇ ਬੱਚੇ ਅਤੇ ਬਾਲਗ ਪਹਿਲਾਂ ਪੱਤੇ ਦੀ ਉੱਪਰਲੀ ਸਤਿਹ ਨੂੰ ਖਰੋਚਦੇ ਹਨ ਅਤੇ ਬਾਅਦ ਵਿੱਚ ਪੱਤੇ ਵਿੱਚੋਂ ਨਿਕਲ ਰਹੇ ਪਾਣੀ ਨੂੰ ਚੂਸਦੇ ਹਨ। ਸ਼ੁਰੂਆਤੀ ਅਵਸਥਾ ਵਿੱਚ ਪੱਤੇ ਦੀ ਵਿਚਕਾਰਲੀ ਨਾੜ ਅਤੇ ਬਾਕੀ ਨਾੜੀਆਂ ਦੁਆਲੇ ਚਮਕੀਲੀ ਧਾਰੀਆਂ ਦਿਖਾਈ ਦਿੰਦੀਆਂ ਹਨ। ਬਾਅਦ ਵਿੱਚ ਇਹ ਧਾਰੀਆਂ ਸਾਰੇ ਪੱਤੇ ਤੇ ਪੈ ਜਾਂਦੀਆਂ ਹਨ ਜਿਸ ਕਾਰਨ ਪੱਤੇ ਮੁੜਨੇ ਸ਼ੁਰੂ ਹੋ ਜਾਂਦੇ ਹਨ। ਜ਼ਿਆਦਾ ਹਮਲਾ ਹੋਣ ਦੀ ਸੂਰਤ ਵਿੱਚ ਪੱਤੇ ਦੂਰੋਂ ਹੀ ਖਾਕੀ ਅਤੇ ਝੁਰੜ ਮੁਰੜ ਜਾਪਦੇ ਹਨ।

ਨਰਮੇ ਤੇ ਚਿੱਟੀ ਮੱਖੀ ਦੀ ਰੋਕਥਾਮ ਲਈ ਛਿੜਕਾਅ ਉਸ ਸਮੇਂ ਕਰੋ ਜਦੋਂ ਬੂਟੇ ਦੇ ਉਪਰਲੇ ਹਿੱਸੇ ਵਿੱਚ ਸਵੇਰ ਨੂੰ 10 ਵਜੇ ਤੋਂ ਪਹਿਲਾਂ ਇਸ ਦੀ ਗਿਣਤੀ ਪ੍ਰਤੀ ਪੱਤੇ ਤੇ 6 ਹੋ ਜਾਵੇ ਜਾਂ ਜਦੋਂ ਵਿਚਕਾਰਲੀ ਛਤਰੀ ਦੇ 50 ਪ੍ਰਤੀਸ਼ਤ ਬੂਟਿਆਂ ਦੇ ਪੱਤਿਆਂ ਤੇ ਸ਼ਹਿਦ ਵਰਗੀਆਂ ਬੂੰਦਾਂ ਹੋਣ।

ਤੇਲੇ ਨੂੰ ਮਾਰਨ ਲਈ ਛਿੜਕਾਅ ਉਸ ਵਕਤ ਕਰੋ ਜਦੋਂ 50 ਪ੍ਰਤੀਸ਼ਤ ਬੂਟਿਆਂ ਵਿੱਚ ਪੂਰੇ ਬਣ ਚੁੱਕੇ ਪੱਤੇ ਕਿਨਾਰਿਆਂ ਤੋਂ ਪੀਲੇ ਪੈ ਜਾਣ।

ਭੂਰੀ ਜੂੰ (ਥਰਿਪਸ) ਦੀ ਰੋਕਥਾਮ ਲਈ ਛਿੜਕਾਅ ਉਸ ਸਮੇਂ ਕਰੋ ਜਦੋਂ ਬੂਟੇ ਦੇ ਉਪਰਲੇ ਹਿੱਸੇ ਵਿੱਚ ਇਸ ਦੇ ਬੱਚੇ ਅਤੇ ਬਾਲਗਾਂ ਦੀ ਗਿਣਤੀ ਪ੍ਰਤੀ ਪੱਤੇ ਤੇ 12 ਹੋ ਜਾਵੇ।

ਚੇਪੇ (ਏਫਿਡ) ਨੂੰ ਮਾਰਨ ਵਾਸਤੇ ਵੀ ਉਦੋਂ ਛਿੜਕਾਅ ਕਰੋ ਜਦੋਂ ਵਿਚਕਾਰਲੀ ਛਤਰੀ ਦੇ 50 ਪ੍ਰਤੀਸ਼ਤ ਬੂਟਿਆਂ ਦੇ ਪੱਤਿਆਂ ਤੇ ਸ਼ਹਿਦ ਵਰਗੀਆਂ ਬੂੰਦਾਂ ਹੋਣ।

ਜਦੋਂ ਮੀਲੀ ਬੱਗ ਦੇ ਬੱਚੇ ਜਾਂ ਬਾਲਗ ਬੂਟਿਆਂ ਤੇ ਦਿਖਾਈ ਦੇਣ ਉਸੇ ਵਕਤ ਇਸ ਦੀ ਰੋਕਥਾਮ ਲਈ ਛਿੜਕਾਅ ਕਰੋ।

**ਰਸ ਚੂਸਣ ਵਾਲੇ ਕੀੜਿਆਂ ਦੀ ਰੋਕਥਾਮ ਲਈ ਸਾਰਣੀ 1 ਵਿੱਚ ਦਿੱਤੀਆਂ ਗਈਆਂ ਜ਼ਹਿਰਾਂ ਵਿੱਚੋਂ ਕਿਸੇ ਇੱਕ ਦਾ ਛਿੜਕਾਅ ਕਰਨਾ ਚਾਹੀਦਾ ਹੈ।**

**ਸਾਰਣੀ 1: ਰਸ ਚੂਸਣ ਵਾਲੇ ਕੀੜਿਆਂ ਦੀ ਰੋਕਥਾਮ ਲਈ ਕੀਟਨਾਸ਼ਕ**

| **ਮਾਰਕਾ (ਕੀਟਨਾਸ਼ਕ)** | **ਮਾਤਰਾ ਪ੍ਰਤੀ ਏਕੜ** |
|---|---|
| **ਚਿੱਟੀ ਮੱਖੀ** | |
| ਕਲਾਸਟੋ 20 ਡਬਲਯੂ ਜੀ (ਪਾਇਰੀਫਲੂਕੀਨਾਜ਼ੋਨ*) | 200 ਗ੍ਰਾਮ |
| ਸਫੀਨਾ 50 ਡੀ ਸੀ (ਅਫਿਡੋਪਾਇਰੋਪਿਨ) | 400 ਮਿਲੀਲਿਟਰ |

| | |
|---|---|
| ਓਸ਼ੀਨ 20 ਐਸ ਜੀ (ਡਾਇਨੋਟੈਫੂਰਾਨ) | 60 ਗ੍ਰਾਮ |
| ਪੋਲੋ/ਕਰੇਜ਼/ਰੂਬੀ/ਲੂਡੋ/ਸ਼ੋਕੂ 50 ਡਬਲਯੂ ਪੀ (ਡਾਇਆਫੈਨਥੂਯੂਰੋਨ) | 200 ਗ੍ਰਾਮ |
| #ਲੈਨੋ/ਡੈਟਾ 10 ਈ ਸੀ (ਪਾਈਰੀਪਰੋਕਸੀਫਿਨ) | 500 ਮਿਲੀਲਿਟਰ |
| #ਓਬਰੋਨ/ਵੋਲਟੇਜ਼ 22.9 ਐਸ ਸੀ (ਸਪੈਰੋਮੈਸੀਫਿਨ) | 200 ਮਿਲੀਲਿਟਰ |
| ਉਲਾਲਾ 50 ਡਬਲਯੂ ਜੀ (ਫਲੋਨਿਕਾਮਿਡ) | 80 ਗ੍ਰਾਮ |
| ਡੈਂਟੋਟਸੂ 50 ਡਬਲਯੂ ਜੀ (ਕਲੋਥੀਅਨਡਿਨ) | 20 ਗ੍ਰਾਮ |
| ਫੋਸਮਾਈਟ/ਈ-ਮਾਈਟ/ਵੋਲਥੀਆਨ/ਗੋਲਡ ਮਿਟ 50 ਈ ਸੀ (ਈਥੀਆਨ) | 800 ਮਿਲੀਲਿਟਰ |
| ਨਿੰਬੀਸੀਡੀਨ ਜਾਂ ਅਚੂਕ (ਨਿੰਮ ਅਧਾਰਿਤ ਕੀਟਨਾਸ਼ਕ) | 1.0 ਲਿਟਰ |
| * ਪੀ ਏ ਯੂ ਨਿੰਮ ਦਾ ਘੋਲ | 1200 ਮਿਲੀਲਿਟਰ |
| **ਤੇਲਾ** | |
| **ੳ) ਬੀਜ ਸੋਧਣਾ: ਬਿਜਾਈ ਵੇਲੇ ਬੀਜ ਨੂੰ ਹੇਠ ਲਿਖੀਆਂ ਕੀਟਨਾਸ਼ਕਾਂ ਨਾਲ ਸੋਧੋ** | |
| ਗਾਚੋ 70 ਡਬਲਯੂ ਐਸ (ਇਮੀਡਾਕਲੋਪਰਿਡ) | 5 ਗ੍ਰਾਮ/ਕਿਲੋ ਬੀਜ |
| ਕਰੂਜ਼ਰ 30 ਐਫ ਐਸ (ਥਾਇਆਮੀਥਾਕਸਮ) | 7 ਗ੍ਰਾਮ/ਕਿਲੋ ਬੀਜ |
| **ਅ) ਖੜ੍ਹੀ ਫ਼ਸਲ ਤੇ ਤੇਲੇ ਦੇ ਰੋਕਥਾਮ ਲਈ ਕੀਟਨਾਸ਼ਕ** | |
| ਕੀਫਨ 15 ਈ ਸੀ (ਟੋਲਫੈਨਪਾਇਰੈਡ) | 300 ਮਿਲੀਲਿਟਰ |
| ਓਸ਼ੀਨ 20 ਐਸ ਜੀ (ਡਾਇਨੋਟੈਫੂਰਾਨ) | 60 ਗ੍ਰਾਮ |
| ਨਿਓਨ 5 ਈ ਸੀ (ਫੈਨਪਾਇਰੋਕਸੀਮੇਟ) | 300 ਮਿਲੀਲਿਟਰ |
| ਉਲਾਲਾ 50 ਡਬਲਯੂ ਜੀ (ਫਲੋਨਿਕਾਮਿਡ) | 80 ਗ੍ਰਾਮ |
| ਐਕਟਾਰਾ/ਐਕਸਟਰਾ ਸੁਪਰ/ਦੋਤਾਰਾ/ਥੋਮਸਨ 25 ਡਬਲਯੂ ਜੀ (ਥਾਇਆਮੀਥਾਕਸਮ) | 40 ਗ੍ਰਾਮ |
| **ਭੂਰੀ ਜੂੰ (ਥਰਿਪਸ)** | |
| ਡੈਲੀਗੇਟ 11.7 ਐਸ ਸੀ (ਸਪਾਈਨੋਟਰਮ) | 170 ਮਿਲੀਲਿਟਰ |
| ਕਿਉਰਾਕਰੋਨ/ਸੈਲਕਰੋਨ 50 ਈ ਸੀ (ਪ੍ਰੋਫੈਨੋਫਾਸ) | 500 ਮਿਲੀਲਿਟਰ |
| ਪੋਲੋ 50 ਡਬਲਯੂ ਪੀ (ਡਾਇਆਫੈਨਥੂਯੂਰੋਨ) | 200 ਗ੍ਰਾਮ |
| **ਮੀਲੀਬੱਗ** | |
| ਟਰਾਂਸਫੋਰਮ 21.8 ਐਸ ਸੀ (ਸਲਫੋਕਸਾਫਲੋਰ) | 150 ਮਿਲੀਲਿਟਰ |

\# ਇਹ ਕੀਟਨਾਸ਼ਕ ਚਿੱਟੀ ਮੱਖੀ ਦੇ ਬੱਚਿਆਂ ਲਈ ਜ਼ਿਆਦਾ ਅਸਰਦਾਰ ਹਨ। ਇਨ੍ਹਾਂ ਕੀਟਨਾਸ਼ਕਾਂ ਦਾ ਅਸਰ ਦੇਖਣ ਲਈ 5 ਤੋਂ 7 ਦਿਨ ਦਾ ਇੰਤਜ਼ਾਰ ਕਰੋ।

* **ਤ੍ਰਿਆਰ ਕਰਨ ਦੀ ਵਿਧੀ**: ਚਾਰ ਕਿਲੋ ਨਿੰਮ ਦੀਆਂ ਕਰੂੰਬਲਾਂ (ਪੱਤੇ, ਹਰੀਆਂ ਟਹਿਣੀਆਂ ਅਤੇ ਨਿਮੋਲੀਆਂ) ਨੂੰ 10 ਲਿਟਰ ਪਾਣੀ ਵਿੱਚ 30 ਮਿੰਟ ਲਈ ਉਬਾਲੋ। ਇਸ ਘੋਲ ਨੂੰ ਕੱਪੜ ਛਾਣ ਕਰ ਲਓ ਅਤੇ ਤਰਲ ਨੂੰ ਸਿਫ਼ਾਰਸ਼ ਕੀਤੀ ਮਾਤਰਾ ਮੁਤਾਬਿਕ ਛਿੜਕਾਅ ਕਰੋ।

**ਨੋਟ**: ਫ਼ਸਲ ਦੀ ਸ਼ੁਰੂਆਤੀ ਅਵਸਥਾ ਵਿੱਚ ਚਿੱਟੀ ਮੱਖੀ ਦੇ ਹਮਲੇ ਹੋਣ ਤੇ ਇੱਕ ਤੋਂ ਦੋ ਸਪਰੇਅ 1 ਲਿਟਰ ਨਿੰਬੀਸੀਡੀਨ ਜਾਂ ਅਚੂਕ ਪ੍ਰਤੀ ਏਕੜ ਦੇ ਹਿਸਾਬ ਨਾਲ ਕਰੋ।

- ਭੂਰੀ ਜੂੰ (ਥਰਿਪ) ਦੀ ਰੋਕਥਾਮ ਲਈ ਪਹਿਲੇ 30 ਦਿਨ ਤੱਕ ਕਿਸੇ ਵੀ ਕੀਟਨਾਸ਼ਕ ਦਾ ਛਿੜਕਾਅ ਨਾ ਕਰੋ।
- ਜੇਕਰ ਥਰਿਪ ਦਾ ਹਮਲਾ ਨਜ਼ਰ ਆਵੇ ਤਾਂ ਤੁਰੰਤ ਖੇਤ ਨੂੰ ਪਾਣੀ ਲਾ ਦਿਓ।
- ਜੇਕਰ ਚੇਪੇ ਦਾ ਹਮਲਾ ਹੋ ਜਾਵੇ ਤਾਂ ਤੇਲੇ ਦੀ ਰੋਕਥਾਮ ਵਾਲੀਆਂ ਕੀਟਨਾਸ਼ਕਾਂ ਵਿੱਚੋਂ ਕਿਸੇ ਵੀ ਕੀਟਨਾਸ਼ਕ ਦੀ ਵਰਤੋ ਕਰੋ।
- ਚਿੱਟੀ ਮੱਖੀ ਅਤੇ ਮੀਲੀਬੱਗ ਲਈ ਫਿਕਸ ਟਾਈਪ ਕੋਨ ਨੋਜ਼ਲ ਦੀ ਵਰਤੋ ਕਰੋ ਅਤੇ ਬੂਟੇ ਦੇ ਉੱਪਰ ਤੋਂ ਹੇਠਾਂ ਤੱਕ ਸਾਰੇ ਪੱਤਿਆਂ ਤੇ ਛਿੜਕਾਅ ਪਹੁੰਚਣਾ ਬਹੁਤ ਜਰੂਰੀ ਹੈ।
- ਛਿੜਕਾਅ ਹਮੇਸ਼ਾ ਦੁਪਿਹਰ 12 ਵਜੇ ਤੋਂ ਪਹਿਲਾਂ ਜਾਂ ਸ਼ਾਮ ਵੇਲੇ ਕਰੋ।
- ਜੇਕਰ ਪਿੰਡ ਪੱਧਰ ਤੇ ਇੱਕੋ ਸਮੇਂ ਕੀਟਨਾਸ਼ਕ ਦਾ ਛਿੜਕਾਅ ਕਰਨਾ ਸੰਭਵ ਹੋ ਸਕਦਾ ਹੈ ਤਾਂ ਚਿੱਟੀ ਮੱਖੀ ਦੀ ਰੋਕਥਾਮ ਜਿਆਦਾ ਅਸਰਦਾਰ ਸਾਬਤ ਹੋ ਸਕਦੀ ਹੈ।
- ਕੀਟਨਾਸ਼ਕਾਂ ਦੇ ਮਿਸ਼ਰਣ (ਆਪ ਬਣਾਕੇ ਜਾਂ ਬਣੇ ਬਣਾਏ) ਬਿਲਕੁਲ ਨਾ ਵਰਤੋ।
- ਆਖਰੀ ਚੁਗਾਈ ਤੋਂ ਬਾਅਦ ਮੀਲੀਬੱਗ ਨਾਲ ਪ੍ਰਭਾਵਿਤ ਬੂਟਿਆਂ ਤੇ ਛਿੜਕਾਅ ਕਰਨਾ ਲਾਹੇਵੰਦ ਹੁੰਦਾ ਹੈ।



1. ਚਿੱਟੀ ਮੱਖੀ ਦਾ ਹਮਲਾ



2. ਹਰੇ ਤੇਲੇ ਦਾ ਹਮਲਾ



3. ਪੱਤਾ ਮਰੋੜ ਬਿਮਾਰੀ



4. ਪੈਰਾਵਿਲਟ